# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :01-06-2026**

ਲੁਧਿਆਣਾ ਦੇ ਆਰ.ਕੇ. ਰੋਡ 'ਤੇ ਸਥਿਤ ਰੈਂਚ ਅਤੇ ਔਜ਼ਾਰ ਬਣਾਉਣ ਵਾਲੀ ਇੱਕ ਫੈਕਟਰੀ ਵਿੱਚ ਅੱਜ ਜ਼ਹਿਰੀਲੀ ਗੈਸ ਲੀਕ ਹੋਈ। ਇਸ ਘਟਨਾ ਵਿੱਚ ਪਿਓ-ਪੁੱਤਰ ਸਣੇ ਤਿੰਨ ਮੁਲਾਜ਼ਮਾਂ ਦੀ ਮੌਤ ਹੋ ਗਈ ਏ। ਗੈਸ ਲੀਕ ਹੋਣ ਤੋਂ ਬਾਅਦ ਫੈਕਟਰੀ ਦੇ ਅਹਾਤੇ ਵਿੱਚ ਭਗਦੜ ਮਚ ਗਈ। ਗੈਸ ਦੇ ਸੰਪਰਕ ਵਿੱਚ ਆਉਣ ਤੋਂ ਬਾਅਦ ਕਈ ਹੋਰ ਮਜ਼ਦੂਰ ਬੇਹੋਸ਼ ਹੋ ਗਏ। ਦੋ ਵਿਅਕਤੀਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਏ। ਸੂਚਨਾ ਮਿਲਣ 'ਤੇ, ਮੋਤੀ ਨਗਰ ਪੁਲਿਸ ਥਾਣੇ ਦੀਆਂ ਵੱਖ-ਵੱਖ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਨੇ। ਐਸਡੀਐਮ ਜਸਲੀਨ ਭੁੱਲਰ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ....

BYTE

---------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ

ਸਰਕਾਰ ਵੱਲੋਂ ਆਰਥਿਕ ਤੌਰ ‘ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਚਲਾਈ ਜਾ ਰਹੀ “ਮੇਰੀ ਰਸੋਈ” ਸਕੀਮ ਤਹਿਤ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਹਰ ਮਹੀਨੇ ਕਣਕ ਸਮੇਤ ਫੂਡ ਕਿੱਟ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਲੰਬੀ ਹਲਕੇ ਲਈ ਭੇਜੀਆਂ ਗਈਆਂ ਕਿੱਟਾਂ ਪਹੁੰਚ ਚੁੱਕੀਆਂ ਹਨ ਅਤੇ ਇਨ੍ਹਾਂ ਦੀ ਵੰਡ ਪ੍ਰਕਿਰਿਆ ਜਾਰੀ ਏ। ਉਨ੍ਹਾਂ ਕਿਹਾ ਕਿ ਹੁਣ ਤੱਕ ਸਰਕਾਰ ਵੱਲੋਂ ਲੰਬੀ ਹਲਕੇ ਲਈ ਕੁੱਲ 25 ਹਜ਼ਾਰ  ਕਿੱਟਾਂ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ।

---------------------------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ 30 ਮਈ ਨੂੰ ਕਰਵਾਇਆ ਜਾਣਾ ਸੀ, ਪਰ ਮੌਸਮ ਦੀ ਖਰਾਬੀ ਕਾਰਨ ਹੁਣ ਇਹ ਸਮਾਗਮ ਭਲਕੇ ਯਾਨੀ ਕਿ 2 ਜੂਨ, ਦਿਨ ਮੰਗਲਵਾਰ ਨੂੰ ਫਗਵਾੜਾ ਵਿਖੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਰ ਜੀ ਦੇ ਸਾਹਮਣੇ ਸਥਿਤ ਸਰਕਾਰੀ ਮਿਡਲ ਸਕੂਲ ਦੇ ਗਰਾਊਂਡ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਸਬੰਧੀ ਸਾਰੇ ਜਰੂਰੀ ਪ੍ਰਬੰਧ ਕੀਤੇ ਜਾ ਰਹੇ ਨੇ।

----------------------------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੀਤੇ ਕੱਲ ਲਹਿਰਾਗਾਗਾ ਖੇਤਰ ਵਿੱਚ 18 ਅਸ਼ਾਰੀਆ 76 ਕਰੋੜ ਰੁਪਏ ਤੋਂ ਵੱਧ ਦੇ ਸੜਕੀ ਬੁਨਿਆਦੀ ਢਾਂਚੇ ਅਤੇ ਵਿਕਾਸ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਅਤੇ ਨੀਂਹ ਪੱਥਰ ਰੱਖਿਆ। ਇਸ ਨਾਲ ਪੇਂਡੂ ਸੰਪਰਕ ਨੂੰ ਵੱਡਾ ਹੁਲਾਰਾ ਮਿਲੇਗਾ। ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਸੁਰੱਖਿਆ ਸਬੰਧੀ ਖਤਰਿਆਂ ਨੂੰ ਖਤਮ ਕਰਨਾ, ਪੇਂਡੂ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ ਅਤੇ ਹਜ਼ਾਰਾਂ ਪਿੰਡ ਵਾਸੀਆਂ ਲਈ ਹਰ ਮੌਸਮ ਵਿੱਚ ਸੰਪਰਕ ਯਕੀਨੀ ਬਣਾਉਣਾ ਏ। ਲੋਕਾਂ ਨੂੰ ਸੰਬੋਧਨ ਕਰਦਿਆਂ ਖਜਾਨਾ ਮੰਤਰੀ ਨੇ ਬਛੂਆਣਾ ਤੋਂ ਬਰੇਟਾ ਵਾਇਆ ਡਸਕਾ ਅਤੇ ਬਹਾਦਰਪੁਰ ਨੂੰ ਜੋੜਨ ਵਾਲੀ 10.5 ਕਿਲੋਮੀਟਰ ਲੰਬੀ ਸੜਕ ਸਮਰਪਿਤ ਕੀਤੀ।

----------------------------------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਬਿੱਟੂ ਨੇ ਅੱਜ ਫਤਿਹਗੜ ਚੂੜੀਆਂ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ ਅਤੇ ਸਟੇਸ਼ਨ ਦੀ ਵਿਗੜੀ ਹੋਈ ਹਾਲਤ ਦਾ ਜਾਇਜਾ ਲਿਆ । ਓਹਨਾ ਕਿਹਾ ਕਿ ਡੇਰਾ ਬਾਬਾ ਨਾਨਕ ਤੋਂ ਲੈ ਕੇ ਅਮ੍ਰਿਤਸਰ ਤੱਕ ਰੇਲਵੇ ਨਾਲ ਸਬੰਧਤ ਲੋਕਾਂ ਦੀਆਂ ਮੁਸ਼ਕਲਾ ਬਾਰੇ ਓਹਨਾ ਨੂੰ ਜਣਕਾਰੀ ਏ ਅਤੇ ਇਨ੍ਹਾਂ ਨੂੰ ਜਲਦ ਹੀ ਦੂਰ ਕਰ ਲਿਆ ਜਾਵੇਗਾ ਇਸ ਸਬੰਧੀ ਉਨ੍ਹਾਂ ਵੱਲੋ ਫਿਰੋਜਪੁਰ ਰੇਲਵੇ

ਡਿਵੀਜ਼ਨ ਦੇ ਡਿਵੀਜ਼ਨਲ ਮੈਨੇਜਰ ਨੂੰ ਇਨ੍ਹਾਂ ਮੁਸ਼ਕਲਾਂ ਦਾ ਹੱਲ ਕਰਨ ਦੇ ਅਦੇਸ਼ ਜਾਰੀ ਕੀਤੇ।

---------------------------------------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 15 ਮਹੀਨੇ ਪੂਰੇ ਹੋ ਗਏ ਨੇ। ਪੰਜਾਬ ਪੁਲਿਸ ਨੇ ਨਸ਼ਾ ਤਸਕਰੀ ਨੈੱਟਵਰਕਾਂ ਦੇ ਵਿੱਤੀ ਢਾਂਚੇ ਨੂੰ ਢਾਹੇ ਨੇ, ਜਿਸ ਦੇ ਸਿੱਟੇ ਵਜੋਂ 300 ਕਰੋੜ ਰੁਪਏ ਦੇ ਲਗਭਗ ਨਸ਼ੀਲੀਆਂ ਦਵਾਈਆਂ ਦੇ 750 ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਜ਼ਬਤ ਕੀਤਾ ਗਿਆ ਏ। ਸੂਬੇ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਇਹ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਹੁਣ ਤੱਕ, ਪੰਜਾਬ ਪੁਲਿਸ ਨੇ ਐਨਡੀਪੀਐਸ ਐਕਟ ਤਹਿਤ 46 ਹਜ਼ਾਰ 937 ਐਫਆਈਆਰ ਦਰਜ ਕੀਤੀਆਂ ਹਨ ਅਤੇ 65 ਹਜ਼ਾਰ 884 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ।

---------------------------------------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਰਕਾਰ ਨੇ ਹੜ੍ਹਾਂ ਤੋਂ ਬਚਾਅ ਦੀ ਤਿਆਰੀ ਨੂੰ ਮਜ਼ਬੂਤ ਕਰਨ ਅਤੇ ਸੂਬੇ ਭਰ ਵਿੱਚ ਕਿਸੇ ਵੀ ਕੁਦਰਤੀ ਆਫ਼ਤ ਸਮੇਂ ਤੁਰੰਤ ਮਦਦ ਦੇਣ ਨੂੰ ਯਕੀਨੀ ਬਣਾਉਣ ਲਈ ਕੁੱਲ 146 ਕਰੋੜ ਰੁਪਏ ਜਾਰੀ ਕਰ ਦਿੱਤੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ

ਮਾਲੀ ਸਾਲ 2026-27 ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਨੂੰ 100 ਕਰੋੜ ਰੁਪਏ ਦੇ ਫੰਡ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਨੇ।

--------------------------------------------------------------------------------

ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਕਰਵਾਏ ਗਏ ਨਵੇਂ ਸਿਹਤ ਸਰਵੇਖਣ 2023-24 ਅਨੁਸਾਰ ਦੇਸ਼ ਦੇ ਮੁਕਾਬਲੇ ਪੰਜਾਬ ਵਿਚ ਸਭ ਤੋਂ ਘੱਟ ਤੰਬਾਕੂ ਦੀ ਵਰਤੋਂ ਦਰਜ ਕੀਤੀ ਗਈ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਸਰਵੇਖਣ ਪੰਜਾਬ ਨੂੰ ਦੇਸ਼ ਦੇ ਬਾਕੀ ਸੂਬਿਆਂ ਨਾਲੋਂ ਵੱਖਰਾ ਕਰਦਾ ਏ।

--------------------------------------------------------------------------------

ਪੰਜਾਬ ਹਰਿਆਣਾ ਅਤੇ ਚੰਡੀਗੜ ਵਿਚ ਬੀਤੇ 2-3 ਦਿਨ ਤੋਂ ਹੋਈ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਤੇਜ਼ ਹਵਾਵਾਂ ਨਾਲ ਮੌਸਮ ਵਿਚ ਵੱਧ ਤੋਂ ਵੱਧ ਤਾਪਮਾਨ ਵਿਚ 4 ਤੋਂ 9 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ ਏ। ਪੰਜਾਬ ਅਤੇ ਹਰਿਆਣਾ ਵਿਟ ਤਾਪਮਾਨ 40 ਡਿਗਰੀ ਤੋਂ 46 ਡਿਗਰੀ ਵਿਚਕਾਰ ਪਹੁੰਚ ਗਿਆ ਸੀ, ਉੱਥੇ ਹੀ ਬੀਤੇ ਦਿਨੀਂ 31 ਮਈ ਨੂੰ ਦੋਵਾਂ ਸੂਬਿਆਂ ਵਿਚ ਵਧ ਤੋਂ ਵੱਧ ਤਾਪਮਾਨ 30 ਤੋਂ 38 ਡਿਗਰੀ ਸੈਲਸੀਅਸ ਵਿਚਕਾਰ ਦਰਜ ਕੀਤਾ

ਗਿਆ। ਤਾਪਮਾਨ ਵਿਚ ਗਿਰਾਵਟ ਆਉਣ ਨਾਲ ਬਿਜਲੀ ਦੀ ਖਪਤ ਵਿਚ ਵੀ ਕਮੀ ਆਈ ਏ। ਮੌਸਮ ਵਿਭਾਗ ਨੇ ਅੱਜ ਤੋਂ 4 ਜੂਨ ਤੱਕ ਦੋਵਾਂ ਸੂਬਿਆਂ ਅਤੇ ਚੰਡੀਗੜ੍ਹ ਵਿਚ ਕਈ ਥਾਵਾਂ ਤੇ ਹਲਕੀ ਬਾਰਿਸ਼ ਨਾਲ ਗਰਜ ਚਮ ਸਮੇਤ ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ ਕੀਤੀ ਏ।

--------------------------------------------------------------------------------